ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ

ਪੰਜਾਬ ਸਰਕਾਰ ਵੱਲੋਂ ਝੋਨੇ ਅਤੇ ਮੱਕੀ ਦੀ ਕਾਸ਼ਤ ਲਈ ਮਸ਼ੀਨਰੀ 'ਤੇ 50 ਫੀਸਦੀ ਤੱਕ ਸਬਸਿਡੀ ਦੇਣ ਦਾ ਐਲਾਨ

-ਕਿਸਾਨਾਂ ਪਾਸੋਂ 10 ਮਈ ਤੱਕ ਅਰਜ਼ੀਆਂ ਮੰਗੀਆਂ-ਜ਼ਿਲਾ ਖੇਤੀਬਾੜੀ ਅਧਿਕਾਰੀ

ਅੰਮ੍ਰਿਤਸਰ, 6 ਮਈ ( )-

ਸੂਬੇ ਵਿੱਚ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਲੁਆਈ/ਸਿੱਧੀ ਬਿਜਾਈ ਅਤੇ ਮੱਕੀ ਦੀ ਕਾਸ਼ਤ ਨੂੰ ਹੋਰ ਵਧੇਰੇ ਉਤਸ਼ਾਹਤ ਕਰਨ ਲਈ ਪੰਜਾਬ ਸਰਕਾਰ ਨੇ ਇਸ ਮੰਤਵ ਲਈ ਵਰਤੀ ਜਾਣ ਵਾਲੀ ਖੇਤੀ ਮਸ਼ੀਨਰੀ ਦੀ ਖਰੀਦ 'ਤੇ 50 ਫੀਸਦੀ ਤੱਕ ਸਬਸਿਡੀ ਦੇਣ ਦਾ ਫੈਸਲਾ ਕੀਤਾ ਹੈ ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਣ ਤੋਂ ਇਲਾਵਾ ਕੋਵਿਡ-19 ਦੀਆਂ ਬੰਦਿਸ਼ਾਂ ਦੇ ਮੱਦੇਨਜ਼ਰ ਕਿਸਾਨਾਂ ਨੂੰ ਮਜ਼ਦੂਰਾਂ ਦੀ ਕਮੀ ਨਾਲ ਨਜਿੱਠਣ ਵਿੱਚ ਵੀ ਮਦਦ ਮਿਲੇਗੀ।

ਇਹ ਪ੍ਰਗਟਾਵਾ ਕਰਦਿਆਂ ਖੇਤੀਬਾੜੀ ਅਧਿਕਾਰੀ ਸ. ਹਰਿੰਦਰਜੀਤ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਖੇਤੀ ਮਸ਼ੀਨਰੀ 'ਤੇ ਕਿਸਾਨ ਬੀਬੀਆਂ/ਛੋਟੇ ਤੇ ਸੀਮਾਂਤ ਕਿਸਾਨਾਂ ਨੂੰ 50 ਫੀਸਦੀ ਅਤੇ ਬਾਕੀ ਕਿਸਾਨਾਂ ਨੂੰ 40 ਫੀਸਦੀ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨਾਂ ਅੱਗੇ ਦੱਸਿਆ ਕਿ ਸਾਉਣੀ ਦੌਰਾਨ ਝੋਨੇ ਤੇ ਮੱਕੀ ਦੀਆਂ ਮਸ਼ੀਨਾਂ 'ਤੇ ਸਬਸਿਡੀ ਹਾਸਲ ਕਰਨ ਲਈ ਕਿਸਾਨਾਂ ਨੂੰ 10 ਮਈ ਤੱਕ ਅਰਜ਼ੀਆਂ ਦੇਣ ਲਈ ਆਖਿਆ ਗਿਆ ਹੈ।

ਉਨਾਂ ਸਪੱਸ਼ਟ ਕੀਤਾ ਕਿ ਸਬਸਿਡੀ ਹੇਠ ਆਉਣ ਵਾਲੀ ਮਸ਼ੀਨਰੀ ਵਿੱਚ ਝੋਨੇ ਦੀ ਸਿੱਧੀ ਬਿਜਾਈ ਲਈ ਮਸ਼ੀਨਾਂ, ਸਪਰੇਅ ਅਟੈਚਮੈਂਟ ਜਾਂ ਅਟੈਚਮੈਂਟ ਤੋਂ ਬਗੈਰ, ਝੋਨੇ ਦੀ ਪਨੀਰੀ ਲਾਉਣ ਵਾਲੀਆਂ ਮਸ਼ੀਨਾਂ, ਝੋਨੇ ਦੀ ਮਸ਼ੀਨੀ ਲੁਆਈ ਲਈ ਪਨੀਰੀ ਬੀਜਣ ਵਾਲੇ ਉਪਕਰਨ, ਮੱਕੀ ਦੇ ਦਾਣਿਆਂ ਨੂੰ ਸੁਕਾਉਣ ਲਈ ਮਸ਼ੀਨਾਂ (ਪੋਰਟੇਬਲ) ਅਤੇ ਮੱਕੀ ਥਰੈਸ਼ਰ/ਸ਼ੈਲਰ/ਫੋਰੇਜ਼ ਹਾਰਵੈਸਟਰ/ਮਲਟੀ ਕਰਾਪ ਥਰੈਸ਼ਰ ਆਦਿ ਸ਼ਾਮਲ ਹਨ।

ਸਬਸਿਡੀ ਹਾਸਲ ਕਰਨ ਦੀ ਪ੍ਰਕ੍ਰਿਆ ਬਾਰੇ ਵਿਸਥਾਰ ਵਿੱਚ ਦੱਸਦਿਆਂ ਅਧਿਕਾਰੀ ਨੇ ਕਿਹਾ ਕਿ ਖੇਤੀ ਮਸ਼ੀਨਰੀ ਲਈ ਸਬਸਿਡੀ ਲੈਣ ਦੀ ਪ੍ਰਕ੍ਰਿਆ ਨੂੰ ਬਿਲਕੁਲ ਸਰਲ ਬਣਾਇਆ ਗਿਆ ਹੈ ਤਾਂ ਕਿ ਕੋਵਿਡ-19 ਦੀਆਂ ਬੰਦਸ਼ਾਂ ਦੇ ਮੱਦੇਨਜ਼ਰ ਕਿਸਾਨ ਸਬਸਿਡੀ ਦਾ ਵੱਧ ਤੋਂ ਵੱਧ ਲਾਹਾ ਲੈ ਸਕਣ। ਉਨਾਂ ਕਿਹਾ ਕਿ ਕਿਸਾਨ ਖੇਤੀਬਾੜੀ ਵਿਭਾਗ ਦੇ ਫੀਲਡ ਵਿੱਚ ਕੰਮ ਕਰਦੇ ਅਧਿਕਾਰੀਆਂ ਨੂੰ ਸਿੱਧੇ ਤੌਰ 'ਤੇ ਸਾਦੇ ਕਾਗਜ਼ ਉਪਰ, ਈ-ਮੇਲ ਜਾਂ ਵੱਟਸਐਪ ਜ਼ਰੀਏ ਆਪਣਾ ਬਿਨੈ-ਪੱਤਰ ਦੇ ਸਕਦੇ ਹਨ। ਉਨਾਂ ਕਿਹਾ ਕਿ ਸਬਸਿਡੀ ਹਾਸਲ ਕਰਨ ਬਾਰੇ ਹੋਰ ਵਧੇਰੇ ਪੁੱਛਗਿੱਛ ਲਈ ਕਿਸਾਨਾਂ ਵੱਲੋਂ 'ਕਿਸਾਨ ਕਾਲ ਸੈਂਟਰ' ਦੇ ਟੋਲ ਫਰੀ ਨੰਬਰ 1800-180-1551 'ਤੇ ਸਵੇਰੇ 6 ਵਜੇ ਤੋਂ ਸ਼ਾਮ 10 ਵਜੇ ਤੱਕ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ

ਜਿਲੇ ਵਿਚ ਕਣਕ ਦੀ ਖਰੀਦ 4 ਲੱਖ ਮੀਟਰਕ ਟਨ ਤੋਂ ਟੱਪੀ

72 ਫੀਸਦੀ ਕਣਕ ਦੀ ਅਦਾਇਗੀ ਕੀਤੀ ਜਾ ਚੁੱਕੀ

68 ਫੀਸਦੀ ਤੋਂ ਵੱਧ ਕਣਕ ਦੀ ਲਿਫਟਿੰਗ ਵੀ ਹੋਈ ਪੂਰੀ

ਅੰਮ੍ਰਿਤਸਰ, 6 ਮਈ ( )-ਕੋਵਿਡ 19 ਸੰਕਟ ਦੇ ਚੱਲਦੇ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ ਕਿਸਾਨਾਂ, ਮਜ਼ਦੂਰਾਂ, ਆੜਤੀਆਂ ਤੇ ਸਰਕਾਰੀ ਕਰਮਚਾਰੀਆਂ ਲਈ ਕੀਤੇ ਗਏ ਪ੍ਰਬੰਧਾਂ ਨੂੰ ਅਪਨਾਉਂਦੇ ਹੋਏ ਜਿਲੇ ਵਿਚ ਕਣਕ ਦੀ ਖਰੀਦ 4 ਲੱਖ ਮੀਟਰਕ ਟਨ ਨੂੰ ਪਾਰ ਕਰ ਚੁੱਕੀ ਹੈ। ਇਸ ਬਾਬਤ ਜਾਣਕਾਰੀ ਦਿੰਦੇ ਜਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਹੁਣ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ ਆਈ ਕਰੀਬ ਚਾਰ ਲੱਖ 5 ਹਜ਼ਾਰ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਜਾ ਚੁੱਕੀ ਹੈ, ਜਿਸ ਵਿਚੋਂ ਜ਼ਿਆਦਾਤਰ ਸਰਕਾਰੀ ਏਜੰਸੀਆਂ ਵੱਲੋਂ ਹੀ ਕੀਤੀ ਗਈ ਹੈ। ਉਨਾਂ ਕਿਹਾ ਕਿ ਤਸੱਲੀ ਇਸ ਗੱਲ ਦੀ ਵੀ ਹੈ ਕਿ ਮੰਡੀਆਂ ਵਿਚ ਸਿਹਤ ਵਿਭਾਗ ਵੱਲੋਂ ਦਿੱਤੀਆਂ ਹਦਾਇਤਾਂ, ਜਿੰਨਾ ਵਿਚ ਮਾਸਕ, ਆਪਸੀ ਦੂਰੀ, ਹੱਥਾਂ ਦੀ ਸਫਾਈ ਆਦਿ ਨੂੰ ਅਪਨਾਉਂਦੇ ਹੋਏ ਬੜੀ ਸੁਰੱਖਿਅਤ ਢੰਗ ਨਾਲ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ, ਜਿਸ ਨਾਲ ਮੰਡੀ ਵਿਚ ਕਿਸਾਨਾਂ ਜਾਂ ਮਜ਼ਦੂਰਾਂ ਨੂੰ ਮੁਸ਼ਿਕਲ ਪੇਸ਼ ਨਹੀਂ ਆ ਰਹੀ।

ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿਚ 4 ਲੱਖ 8 ਹਜ਼ਾਰ ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 4 ਲੱਖ 5 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਖਰੀਦ ਕਰ ਲਈ ਗਈ ਸੀ। ਉਨਾਂ ਦੱਸਿਆ ਕਿ ਅੱਜ ਇਹ ਅੰਕੜਾ ਸਾਢੇ ਚਾਰ ਲੱਖ ਟਨ ਨੂੰ ਪਾਰ ਕਰ ਜਾਵੇਗਾ। ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਆਈ ਕਣਕ ਵਿਚੋਂ ਵਿਚੋਂ ਪਨਗ੍ਰੇਨ ਵੱਲੋਂ ਹੀ ਇਕ ਲੱਖ ਮੀਟ੍ਰਿਕ ਟਨ ਤੋਂ ਵੱਧ ਦੀ ਖਰੀਦ ਕੀਤੀ ਗਈ, ਜਦਕਿ ਮਾਰਕਫੈੱਡ ਵੱਲੋਂ 90254 ਮੀਟ੍ਰਿਕ ਟਨ, ਪਨਸਪ ਵੱਲੋਂ 86116 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 69332 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ 58120 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 3145 ਮੀਟਰਕ ਟਨ ਕਣਕ ਖਰੀਦੀ ਜਾ ਚੁੱਕੀ ਹੈ।

ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਨੇ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਗਈ ਕਣਕ ਵਿਚੋਂ 68 ਫੀਸਦੀ ਕਣਕ ਮੰਡੀਆਂ ਵਿਚੋਂ ਗੁਦਾਮਾਂ ਤੱਕ ਪਹੁੰਚਾਈ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 72 ਫੀਸਦੀ ਦੇ ਕਰੀਬ ਫਸਲ ਦੀ ਅਦਾਇਗੀ ਵੀ ਨਾਲੋ-ਨਾਲ 48 ਘੰਟਿਆਂ ਦੇ ਅੰਦਰ-ਅੰਦਰ ਕੀਤੀ ਜਾ ਚੁੱਕੀ ਹੈ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ

ਸੀ-ਪਾਇਟ ਵੱਲੋਂ ਫੌਜੀ ਭਰਤੀ ਦੀ ਆਨ-ਲਾਇਨ ਸਿਖਲਾਈ ਸ਼ੁਰੂ ਦਾ ਫੈਸਲਾ

ਅੰਮ੍ਰਿਤਸਰ, 6 ਮਈ ( )-ਡਾਇਰੈਕਟਰ ਜਨਰਲ, ਪੰਜਾਬ ਦੇ ਯੁਵਕਾਂ ਦਾ ਸਿਖਲਾਈ ਤੇ ਰੋਜ਼ਗਾਰ ਕੇਂਦਰ (ਸੀ-ਪਾਇਟ), ਕਪੂਰਥਲਾ ਨੇ ਦੱਸਿਆ ਕਿ ਕੋਵਿਡ 19 ਦੇ ਚੱਲਦੇ ਫੌਜ ਵੱਲੋਂ ਸਾਲ 2020-21 ਦੀਆਂ ਸਾਰੀਆਂ ਭਰਤੀ ਰੈਲੀਆਂ ਅਣਮਿੱਥੇ ਸਮੇਂ ਲਈ ਅੱਗੇ ਪਾ ਦਿੱਤੀਆਂ ਗਈਆਂ ਹਨ। ਇਸ ਮਗਰੋਂ ਜਦੋਂ ਵੀ ਫੌਜ ਵੱਲੋਂ ਭਰਤੀ ਰੈਲੀਆਂ ਦਾ ਐਲਾਨ ਹੋਇਆ, ਉਸ ਲਈ ਬਹੁਤ ਘੱਟ ਸਮਾਂ ਤਿਆਰੀ ਲਈ ਦਿੱਤਾ ਜਾਣਾ ਹੈ, ਸੋ ਅਸੀਂ ਪੰਜਾਬ ਦੇ ਉਹ ਨੌਜਵਾਨ ਜੋ ਫੌਜ ਵਿਚ ਭਰਤੀ ਹੋਣ ਦੀ ਇੱਛਾ ਰੱਖਦੇ ਹਨ, ਨੂੰ ਆਨ-ਲਾਇਨ ਭਰਤੀ ਸਿਖਲਾਈ ਦੇਣ ਦਾ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨਾਂ ਦੱਸਿਆ ਕਿ ਇਹ ਕਲਾਸਾਂ 15 ਮਈ ਤੋਂ ਦੋ ਮਹੀਨੇ ਲਈ ਸ਼ੁਰੂ ਕੀਤੀਆਂ ਜਾਣਗੀਆਂ। ਉਨਾਂ ਕਿਹਾ ਕਿ ਜੋ ਨੌਜਵਾਨ ਭਰਤੀ ਦੇ ਯੋਗ ਹਨ ਅਤੇ ਭਰਤੀ ਹੋਣਾ ਚਾਹੁੰਦੇ ਹਨ ਉਹ ਆਪਣੇ ਨੇੜੇ ਦੇ ਸੀ-ਪਾਇਟ ਕੇਂਦਰ ਵਿਚ ਆਨ ਲਾਇਨ ਤਿਆਰੀ ਲਈ ਰਿਜਸਟਰੇਸ਼ਨ ਕਰਵਾ ਦੇਣ। ਉਨਾਂ ਸਪੱਸ਼ਟ ਕੀਤਾ ਕਿ ਇਸ ਲਈ ਰਣੀਕੇ ਕੈਂਪ ਵਾਸਤੇ ਹਰਜੀਤ ਸਿੰਘ ਨਾਲ ਫੋਨ ਨੰਬਰ 9815479919 ਅਤੇ ਪੱਟੀ ਲਈ ਸ੍ਰੀ ਸੀਤਲ ਕੁਮਾਰ ਨਾਲ ਫੋਨ ਨੰਬਰ 9988271125 ਉਤੇ ਰਾਬਤਾ ਕਰ ਸਕਦੇ ਹਨ।

========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ

ਸਿਹਤ ਵਿਭਾਗ ਕੋਵਿਡ 19 ਦੇ ਟਾਕਰੇ ਲਈ ਹਰ ਚੁਣੌਤੀ ਦਾ ਸਾਹਮਣਾ ਕਰਨ ਲਈ ਤਿਆਰ-ਸਿੱਧੂ

ਸਿਹਤ ਮੰਤਰੀ ਵੱਲੋਂ ਜਿਲੇ ਦੀਆਂ ਰਾਜਸੀ ਹਸਤੀਆਂ, ਪ੍ਰਸ਼ਾਸਨਿਕ ਤੇ ਸਿਹਤ ਅਧਿਕਾਰੀਆਂ ਨਾਲ ਮੀਟਿੰਗ

ਅੰਮ੍ਰਿਤਸਰ, 6 ਮਈ ( ) ਸ. ਬਲਬੀਰ ਸਿੰਘ ਸਿੱਧੂ ਸਿਹਤ ਤੇ ਪਰਿਵਾਰ ਭਲਾਈ ਅਤੇ ਕਿਰਤ ਮੰਤਰੀ ਪੰਜਾਬ ਅੱਜ ਅੰਮ੍ਰਿਤਸਰ ਵਿਚ ਕੋਵਿਡ-19 ਦੀ ਰੋਕਥਾਮ ਲਈ ਕੀਤੇ ਗਏ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਪੁੱਜੇ, ਇਸ ਮੌਕੇ ਉਨਾਂ ਵੱਲੋਂ ਲੋਕ ਸਭਾ ਮੈਂਬਰ, ਵਿਧਾਇਕ ਸਾਹਿਬਾਨ, ਜਿਲਾ ਅਧਿਕਾਰੀਆਂ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ, ਮੇਅਰ ਸ. ਕਰਮਜੀਤ ਸਿੰਘ ਰਿੰਟੂ, ਵਿਧਾਇਕ ਸ. ਹਰਪ੍ਰਤਾਪ ਸਿੰਘ ਅਜਨਾਲਾ, ਡਾ. ਰਾਜ ਕੁਮਾਰ ਵੇਰਕਾ, ਸ੍ਰੀ ਸੁਨੀਲ ਦੱਤੀ, ਸ. ਇੰਦਰਬੀਰ ਸਿੰਘ ਬੁਲਾਰੀਆ, ਸ. ਤਰਸੇਮ ਸਿੰਘ ਡੀ. ਸੀ, ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ, ਮੁੱਖ ਮੰਤਰੀ ਦੇ ਓ ਐਸ ਡੀ ਸੰਦੀਪ ਸਿੰਘ ਸੰਧੂ, ਚੇਅਰਮੈਨ ਸ੍ਰੀ ਦਿਨੇਸ਼ ਬੱਸੀ, ਸਿਵਲ ਸਰਜਨ ਡਾ. ਜੁਗਲ ਕਿਸ਼ੋਰ ਅਤੇ ਹੋਰ ਮੋਹਤਬਰ ਹਾਜ਼ਰ ਸਨ।

ਮੀਟਿੰਗ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ. ਸਿੱਧੂ ਨੇ ਦੱਸਿਆ ਕਿ ਕੋਵਿਡ-19 ਦੀ ਰੋਕਥਾਮ ਸਬੰਧੀ ਸਿਹਤ ਵਿਭਾਗ ਵੱਲੋਂ ਜਿਲੇ ਅੰਦਰ ਮੈਡੀਕਲ ਸਹੂਲਤਾਂ, ਹਸਪਤਾਲਾਂ ਵਿਚ ਮਰੀਜਾਂ ਲਈ ਲੋੜੀਦੇ ਪ੍ਰਬੰਧਾਂ ਅਤੇ ਪੀੜਤ ਮਰੀਜਾਂ ਦੇ ਇਲਾਜ ਅਤੇ ਸ਼ੱਕੀ ਮਰੀਜਾਂ ਦੀ ਸੈਂਪਲਿੰਗ ਕਰਨ ਸਬੰਧੀ ਕੀਤੇ ਉਪਰਾਲਿਆਂ ਦੀ ਸਮੀਖਿਆ ਕੀਤੀ ਗਈ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿਚ ਲੋਕਾਂ ਦੀ ਸਿਹਤ ਸੰਭਾਲ ਨੂੰ ਲੈ ਕੇ ਕੋਈ ਮੁਸ਼ਕਿਲ ਨਾ ਆਉਣ ਦੇਣ ਲਈ ਦ੍ਰਿੜ ਹੈ ਅਤੇ ਹਸਪਤਾਲਾਂ ਵਿਚ ਜਿਸ ਵੀ ਮੈਡੀਕਲ ਸਹੂਲਤਾਂ ਦੀ ਜਰੂਰਤ ਹੋਵੇਗੀ ਉਹ ਤੁਰੰਤ ਪੂਰੀ ਕੀਤੀ ਜਾਵੇਗੀ। ਉਨਾਂ ਕਿ ਹਸਪਤਾਲਾਂ ਵਿਚ ਲੋੜੀਦੀਆਂ ਦਵਾਈਆਂ, ਪੀ.ਪੀ.ਈ ਕਿੱਟਾਂ, ਐਨ-95 ਮਾਸਕ, ਮਾਸਕ (ਟ੍ਰਿਪਲ ਲੇਅਰ), ਸੈਨੀਟਾਈਜ਼ਰ, ਦਸਤਾਨੇ ਆਦਿ ਦੀ ਕੋਈ ਘਾਟ ਨਹੀਂ ਹੈ ਅਤੇ ਮਰੀਜਾਂ ਦੇ ਇਲਾਜ ਤੇ ਸਿਹਤ ਵਿਭਾਗ ਦੇ ਸਟਾਫ ਵਿਚ ਕਿਸੇ ਕਿਸਮ ਦੀ ਕੋਈ ਘਾਟ ਨਾ ਆਉਣ ਨੂੰ ਯਕੀਨੀ ਬਣਾਇਆ ਜਾਵੇਗਾ। ਉਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਅਗਵਾਈ ਵਿਚ ਸਮੁੱਚੀ ਟੀਮ ਕੋਵਿਡ –19 ਦੀ ਰੋਕਥਾਮ ਲਈ ਸ਼ਲਾਘਾਯੋਗ ਕੰਮ ਕਰ ਰਹੀ ਹੈ।

ਉਨਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਵਲੋਂ ਪੰਜਾਬ ਵਿਚ ਰਹਿੰਦੇ ਪ੍ਰਵਾਸੀ ਮਜ਼ਦੂਰਾਂ ਦੀ ਘਰ ਵਾਪਸੀ ਲਈ ਵਿਸ਼ੇਸ ਯਤਨ ਕੀਤੇ ਗਏ ਹਨ ਅਤੇ ਪੰਜਾਬ ਸਰਕਾਰ ਵਲੋਂ ਪਹਿਲੇ ਗੇੜ ਵਿਚ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੇ ਸੂਬਿਆਂ 'ਚ ਭੇਜਣ ਲਈ ਭਾਰਤੀ ਰੇਲਵੇ ਦੁਆਰਾ ਤੈਅ ਰੇਲ ਆਵਾਜਾਈ ਦੀ ਲਾਗਤ ਦੇ ਆਪਣੇ ਹਿੱਸੇ ਵਜੋਂ 35 ਕਰੋੜ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ ਤੇ ਜਲਦ ਉਨਾਂ ਦੀ ਘਰ ਵਾਪਸੀ ਹੋ ਰਹੀ ਹੈ। ਉਨਾਂ ਕਿਹਾ ਕਿ ਪਰਵਾਸੀ ਮਜ਼ਦੂਰਾਂ ਦਾ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿਚ ਬਹੁਤ ਯੋਗਦਾਨ ਹੈ ਅਤੇ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਉਨਾਂ ਨੂੰ ਬਿਨਾਂ ਮੁਸ਼ਕਿਲ ਦੇ ਉਨਾਂ ਦੇ ਘਰਾਂ ਤਕ ਪੁਹੰਚਾਈਏ, ਜਿਸ ਸਬੰਧੀ ਲੋੜੀਦੇ ਕਦਮ ਪੁੱਟੇ ਗਏ ਹਨ।

ਇਕ ਸਵਾਲ ਦੇ ਜਵਾਬ ਵਿਚ ਸ. ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਬਾਹਰਲੇ ਰਾਜਾਂ ਤੋਂ ਆਏ ਸਾਰੇ ਲੋਕਾਂ ਨੂੰ ਬਹੁਤ ਵਧੀਆ ਤਰੀਕੇ ਨਾਲ ਠਹਿਰਾਉਣ ਦੇ ਪ੍ਰਬੰਧ ਕੀਤੇ ਗਏ ਹਨ ਅਤੇ ਜਿਨਾਂ ਦੀ ਰਿਪੋਰਟ ਕੋਰੋਨਾ ਪੋਜ਼ਟਿਵ ਆਈ ਹੈ, ਉਨਾਂ ਨੂੰ ਹਸਪਤਾਲਾਂ ਦੇ ਆਈਸ਼ੋਲੇਸ਼ਨ ਵਾਰਡਾਂ ਵਿਚ ਰੱਖਿਆ ਗਿਆ ਤੇ ਸਿਹਤ ਵਿਭਾਗ ਵਲੋਂ ਇਲਾਜ ਕੀਤਾ ਜਾ ਰਿਹਾ ਹੈ, ਜਦਕਿ ਬਾਕੀ ਲੋਕਾਂ ਨੂੰ ਏਕਾਂਤਵਾਸ ਕੇਂਦਰਾਂ ਵਿਚ ਠਹਿਰਾਇਆ ਜਾ ਰਿਹਾ ਹੈ। ਕੈਬਨਿਟ ਮੰਤਰੀ ਸ. ਸਿੱਧੂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕਿਹਾ ਕਿ ਹਸਪਤਾਲਾਂ ਅੰਦਰ ਮਰੀਜਾਂ ਦੇ ਇਲਾਜ ਵਿਚ ਕਿਸੇ ਕਿਸਮ ਦੀ ਕੋਈ ਘਾਟ ਨਾ ਆਉਣ ਦਿੱਤੀ ਜਾਵੇ। ਉਨਾਂ ਸਿਹਤ ਅਧਿਕਾਰੀਆਂ ਨੂੰ ਕੋਵਿਡ-19 ਤੋਂ ਇਲਾਵਾ ਹਸਪਤਾਲਾਂ ਵਿਚ ਦੂਸਰੀਆਂ ਬਿਮਾਰੀਆਂ ਨਾਲ ਪੀੜਤ ਮਰੀਜਾਂ ਦੀ ਵੀ ਦੇਖਭਾਲ ਵਿਚ ਕੋਈ ਢਿੱਲਮੱਠ ਨਾ ਵਰਤਣ ਲਈ ਕਿਹਾ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਨਾਲ ਪੀੜਤ ਮਰੀਜਾਂ ਦਾ ਵੱਖ-ਵੱਖ ਹਸਪਤਾਲਾਂ ਦੇ ਆਈਸੋਲੇਸ਼ਨ ਵਾਰਡਾਂ ਵਿਖੇ ਇਲਾਜ ਕੀਤਾ ਜਾ ਰਿਹਾ ਹੈ ਅਤੇ ਉਨਾਂ ਦੀ ਹਰ ਸੁਖ ਸਹੂਲਤ ਦਾ ਵਿਸ਼ੇਸ ਖਿਆਲ ਰੱਖਿਆ ਜਾ ਰਿਹਾ ਹੈ ।

ਕੈਪਸ਼ਨ--

ਸ. ਬਲਬੀਰ ਸਿੰਘ ਸਿੱਧੂ ਸਿਹਤ ਕੈਬਨਿਟ ਮੰਤਰੀ ਪੰਜਾਬ ਕੋਵਿਡ-19 ਦੀ ਰੋਕਥਾਮ ਸਬੰਧੀ ਰਾਜਸੀ ਹਸਤੀਆਂ ਤੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ।

============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਅੰਮ੍ਰਿਤਸਰ

ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਵੱਲੋਂ ਇਕਾਂਤਵਾਸ ਕੇਂਦਰਾਂ ਦਾ ਦੌਰਾ

ਸਰਧਾਲੂਆਂ ਨੂੰ ਖਾਣ-ਪੀਣ ਦਾ ਸਮਾਨ ਅਤੇ ਸੈਨੇਟਾਈਜ਼ਰ ਦਿੱਤੇ

ਬਾਬਾ ਬਕਾਲਾ ਸਾਹਿਬ, 6 ਮਈ (          )-ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਸੰਤੋਖ ਸਿੰਘ ਭਲਾਈਪੁਰ ਨੇ ਅੱਜ ਆਪਣੇ ਇਲਾਕੇ ਵਿਚ ਬਣਾਏ ਇਕਾਂਤਵਾਸ ਕੇਂਦਰ ਜਿੰਨਾ ਵਿਚ ਪੰਜਾਬ ਤੋਂ ਬਾਹਰਲੇ ਰਾਜਾਂ ਤੋਂ ਆਏ ਲੋਕਾਂ ਨੂੰ ਰੱਖਿਆ ਗਿਆ ਹੈ, ਦਾ ਦੌਰਾ ਕੀਤਾ ਅਤੇ ਸ਼ਰਧਾਲੂਆਂ ਨੂੰ ਖਾਣ-ਪੀਣ ਤੇ ਸਾਫ-ਸਫਾਈ ਦਾ ਸਮਾਨ ਦਿੱਤਾ। ਇਸ ਮੌਕੇ ਤਹਿਸੀਲਦਾਰ ਲਛਮਣ ਸਿੰਘ ਨੇ ਦੱਸਿਆ ਕਿ ਸ. ਭਲਾਈਪੁਰ ਅੱਜ ਟਾਂਗਰਾ, ਵਡਾਲਾ, ਧਰਦਿਉ ਵਿਖੇ ਰਾਧਾ ਸੁਆਮੀ ਸਤਿਸੰਗ ਘਰਾਂ ਵਿਚ ਬਾਹਰਲੇ ਰਾਜਾਂ ਤੋਂ ਆਏ ਲੋਕਾਂ ਦਾ ਹਾਲ-ਚਾਲ ਪੁੱਛਿਆ। ਉਨਾਂ ਦੱਸਿਆ ਕਿ ਡੀ ਐਪ ਪੀ ਹਰਪ੍ਰੀਤ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਅਮਰਪਾਲ ਸਿੰਘ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਸ. ਭਲਾਈਪੁਰਾ ਨੇ ਕਿਹਾ ਕਿ ਇੱਥੇ ਜਿੰਨੇ ਵੀ ਹਨ, ਸਾਡੇ ਭੈਣ-ਭਰਾ ਹਨ। ਉਨਾਂ ਕਿਹਾ ਕਿ ਡੇਰਾ ਰਾਧਾ ਸੁਆਮੀ ਮੁਖੀ ਦਾ ਧੰਨਵਾਦ ਹੈ ਜਿੰਨਾ ਨੇ ਇਹ ਡੇਰੇ ਲੋਕਾਂ ਨੂੰ ਰਹਿਣ ਲਈ ਖੋਲੇ ਅਤੇ ਸੰਗਤ ਦੀ ਹਰ ਸਹੂਲਤ ਦਾ ਖਿਆਲ ਵੀ ਰੱਖਿਆ। ਉਨਾਂ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਅਸੀਂ ਕੋਵਿਡ ਸੰਕਟ ਦੇ ਹਰ ਟਾਕਰੇ ਲਈ ਤਿਆਰ ਹਾਂ ਅਤੇ ਬਾਹਰਲੇ ਰਾਜਾਂ ਤੋਂ ਆਏ ਲੋਕਾਂ ਨੂੰ ਇਕਾਂਤਵਸ ਰੱਖ ਕੇ ਜਿੱਥੇ ਉਨਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ, ਉਥੇ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਰਿਹਾ ਹੈ। ਇਸ ਮੌਕੇ ਉਨਾਂ ਆਪਣੀ ਵੱਲੋਂ ਇੱਥੇ ਇਕਾਂਤਵਾਸ ਵਿਚ ਰਹਿ ਰਹੇ ਲੋਕਾਂ ਲਈ ਖਾਣ-ਪੀਣ ਦਾ ਸਮਾਨ ਅਤੇ ਸਾਫ-ਸਫਾਈ ਦਾ ਸਮਾਨ ਵੀ ਦਿੱਤਾ। ਡੀ ਐਸ ਪੀ ਸ੍ਰੀ ਹਰਪ੍ਰੀਤ ਸਿਘ ਨੇ ਦੱਸਿਆ ਕਿ ਇੱਥੇ ਬਾਹਰੋਂ ਆਉਣ ਵਾਲੇ ਵਿਅਕਤੀ ਨੂੰ ਦੂਰ ਰੱਖਿਆ ਜਾ ਰਿਹਾ ਹੈ। ਤਹਿਸਲੀਦਾਰ ਲਛਮਣ ਸਿੰਘ ਨੇ ਦੱਸਿਆ ਕਿ ਅਸੀਂ ਸਾਰੇ ਪ੍ਰਬੰਧ ਬਹੁਤ ਵਧੀਆ ਕੀਤੇ ਹਨ ਅਤੇ ਸਾਡੇ ਸਾਰੇ ਮਹਿਮਾਨ ਪ੍ਰਬੰਧਾਂ ਤੋਂ ਖੁਸ਼ ਹਨ ਅਤੇ ਆਸ ਹੈ ਕਿ ਇਸੇ ਤਰਾਂ ਖੁਸ਼ੀ-ਖੇੜੇ ਵਿਚ ਅਸੀਂ ਇਕਾਂਤਵਾਸ ਦੇ ਇਹ ਦਿਨ ਪੂਰੇ ਕਰਕੇ ਸਾਰੇ ਲੋਕਾਂ ਨੂੰ ਘਰਾਂ ਤੱਕ ਭੇਜਾਂਗੇ।

ਕੈਪਸ਼ਨ

ਸ. ਸੰਤੋਖ ਸਿੰਘ ਭਲਾਈਪੁਰ ਟਾਂਗਰਾ ਇਕਾਂਤਵਾਸ ਕੇਂਦਰ ਟਾਂਗਰਾ ਵਿਚ ਰਹਿ ਰਹੇ ਲੋਕਾਂ ਲਈ ਖਾਣ-ਪੀਣ ਤੇ ਸਫਾਈ ਦਾ ਸਮਾਨ ਦੇਣ ਮੌਕੇ।

============